Vigilance Bureau, Punjab

**Vigilance nabs 8 officials, 1 private person in 9 bribery cases during August**

Chandigarh, September 15: State Vigilance Bureau, during its ongoing crusade against corruption, has been able to nab 8 employees and 1 private person red handed while accepting bribes in 9 different trap cases during the month of August, which includes 2 police personnel, 1 employee of revenue department and 5 from other departments.

Disclosing this, Chief Director-cum-ADGP vigilance bureau Punjab B.K. Uppal said the VB has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He said the Bureau has submitted challans pertaining to 15 vigilance cases in various special courts in the last month. Apart from this, 6 vigilance enquires (VEs) have also been registered to thoroughly probe the corruption cases against public servants and registered five cases after probing the VEs.

Giving more details, he informed that special courts have decided two bribery cases filed and contested by the Bureau during the last month, in which Kashmir Singh, ASI, posted at Jalandhar was convicted and sentenced with 5 years imprisonment and fine of Rs. 10,000/- by the Special Judge, Jalandhar.

Similarly, in another case, Baljinder Singh ASI and Bhajan Singh Head Constable posted at Narcotic cell Moga were convicted and sentenced with 4 years imprisonment and fine of Rs. 5,000/- each by the Special Judge, Moga.

ਵਿਜੀਲੈਂਸ ਬਿਊਰੋ ਪੰਜਾਬ

**ਵਿਜੀਲੈਂਸ ਨੇ ਅਗਸਤ ਮਹੀਨੇ 8 ਮੁਲਾਜ਼ਮ ਅਤੇ 1 ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਂਦੇ ਦਬੋਚਿਆ**

ਚੰਡੀਗੜ੍ਹ, 15 ਸਤੰਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਅਗਸਤ ਮਹੀਨੇ ਦੌਰਾਨ ਕੁੱਲ 9 ਛਾਪੇ ਮਾਰਕੇ 8 ਸਰਕਾਰੀ ਮੁਲਾਜ਼ਮ ਅਤੇ 1 ਪ੍ਰਾਈਵੇਟ ਵਿਅਕਤੀਆਂ ਨੂੰ ਵੱਖ-ਵੱਖ ਕੇਸਾਂ ਵਿਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਜਿਨ੍ਹਾਂ ਵਿਚ ਪੁਲਿਸ ਵਿਭਾਗ ਦੇ 2, ਮਾਲ ਵਿਭਾਗ ਦਾ 1 ਅਤੇ ਹੋਰਨਾਂ ਵੱਖ-ਵੱਖ ਵਿਭਾਗਾਂ ਦੇ 5 ਮੁਲਾਜਮ ਸ਼ਾਮਲ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਇਸ ਦੌਰਾਨ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਰੋਕਣ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ। ਇਸ ਦਿਸ਼ਾ ਵਿਚ ਵਿਜੀਲੈਂਸ ਦੇ ਪੜਤਾਲੀਆ ਅਧਿਕਾਰੀਆਂ ਨੇ ਰਾਜ ਦੀਆਂ ਵੱਖ-ਵੱਖ ਅਦਾਲਤਾਂ ਵਿੱਚ ਚਲਦੇ ਮੁਕੱਦਮਿਆਂ ਦੌਰਾਨ ਦੋਸ਼ੀਆਂ ਨੂੰ ਨਿਆਂਇਕ ਸਜ਼ਾਵਾਂ ਦਿਵਾਉਣ ਲਈ ਪੁਖਤਾ ਪੈਰਵੀ ਕੀਤੀ।

ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ 15 ਕੇਸਾਂ ਦੇ ਚਲਾਣ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਦੌਰਾਨ ਭ੍ਰਿਸ਼ਟਾਚਾਰ ਸਬੰਧੀ ਲਗਾਏ ਇਲਜਾਮਾਂ ਦੀ ਪੁਖਤਾ ਪੜਤਾਲ ਲਈ 6 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ ਅਤੇ ਵਿਜੀਲੈਂਸ ਪੜਤਾਲਾਂ ਦੀ ਜਾਂਚ ਉਪਰੰਤ 5 ਮੁਕੱਦਮੇ ਵੀ ਦਰਜ ਕੀਤੇ ਗਏ।

ਹੋਰ ਜਾਣਕਾਰੀ ਦਿੰਦਿਆਂ ਉਨਾਂ ਦੱਸਿਆ ਕਿ ਵਿਜੀਲੈਂਸ ਵਲੋਂ ਦਰਜ ਕੀਤੇ ਕੇਸਾਂ ਦੀ ਸੁਣਵਾਈ ਦੌਰਾਨ ਪਿਛਲੇ ਮਹੀਨੇ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਨੇ ਦੋ ਮੁਲਜਮਾਂ ਨੂੰ ਸਜਾਵਾਂ ਤੇ ਜੁਰਮਨੇ ਕੀਤੇ ਹਨ ਜਿਨ੍ਹਾਂ ਵਿਚ ਜਲੰਧਰ ਵਿਖੇ ਤਾਇਨਾਤ ਏ.ਐਸ.ਆਈ ਕਸ਼ਮੀਰ ਸਿੰਘ ਨੂੰ ਜਲੰਧਰ ਦੀ ਅਦਾਲਤ ਵਲੋਂ 5 ਸਾਲ ਦੀ ਕੈਦ ਅਤੇ ਦੱਸ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।

ਇਸੇ ਤਰ੍ਹਾਂ ਇਕ ਹੋਰ ਭ੍ਰਿਸ਼ਟਾਚਾਰ ਦੇ ਕੇਸ ਵਿਚ ਨਾਰਕੋਟਿਕ ਸੈਲ, ਮੋਗਾ ਵਿਖੇ ਤਾਇਨਾਤ ਏ.ਐਸ.ਆਈ ਬਲਜਿੰਦਰ ਸਿੰਘ ਅਤੇ ਮੁੱਖ ਸਿਪਾਹੀ ਭਜਨ ਸਿੰਘ ਨੂੰ ਮੋਗਾ ਦੀ ਅਦਾਲਤ ਵਲੋਂ 4-4 ਸਾਲ ਦੀ ਕੈਦ ਅਤੇ 5-5 ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।